**ਜੰਮੂ-ਕਸ਼ਮੀਰ ਗੈਸਟ ਹਾਊਸ ਨੂੰ ਰਾਜ ਦੇ ਵਾਸੀਆਂ ਲਈ ਪਨਾਹ ਘਰ ਐਲਾਨਿਆ**

**ਅੰਮ੍ਰਿਤਸਰ, 16 ਅਪ੍ਰੈਲ (       )**-ਜੰਮੂ-ਕਸ਼ਮੀਰ ਦੇ ਵਸਨੀਕ ਜੋ ਕਿ ਕੋਵਿਡ 19 ਦੇ ਚੱਲਦੇ ਲਾਕ ਡਾਊਨ ਕਾਰਨ ਅੰਮ੍ਰਿਤਸਰ ਵਿਚ ਫਸ ਗਏ ਹਨ, ਨੂੰ ਰਹਿਣ-ਸਹਿਣ ਤੇ ਖਾਣ-ਪੀਣ ਦੀ ਸਹੂਲਤ ਦੇਣ ਲਈ ਜਿਲਾ ਮੈਜਿਸਟਰੇਟ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਸ਼ਹਿਰ ਵਿਚ ਸਥਿਤ ਜੰਮੂ-ਕਸ਼ਮੀਰ ਸਰਕਾਰ ਦੇ ਗੈਸਟ ਹਾਊਸ ਨੂੰ ਪਨਾਹ ਘਰ ਐਲਾਨ ਦਿੱਤਾ ਹੈ। ਜਾਰੀ ਕੀਤੇ ਹੁਕਮਾਂ ਵਿਚ ਉਨਾਂ ਦੱਸਿਆ ਕਿ ਮੇਰੇ ਧਿਆਨ ਵਿਚ ਆਇਆ ਹੈ ਕਿ ਜੰਮੂ-ਕਸ਼ਮੀਰ ਦੇ ਕਰੀਬ 50 ਲੋਕ, ਜੋ ਕਿ ਸ਼ਹਿਰ ਵਿਚ ਫਸ ਗਏ ਹਨ ਅਤੇ ਆਪਣੇ ਘਰ ਜਾਣ ਲਈ ਜ਼ਿਲ•ਾ ਪ੍ਰਸ਼ਾਸ਼ਨ ਤੱਕ ਪਹੁੰਚ ਕਰ ਰਹੇ ਹਨ। ਉਨਾਂ ਦੱਸਿਆ ਕਿ ਦੂਸਰੇ ਪਾਸੇ ਜੰਮੂ-ਕਸ਼ਮੀਰ ਸਰਕਾਰ ਨੇ ਕੋਵਿਡ 19 ਦੇ ਚੱਲਦੇ ਆਪਣੀਆਂ ਹੱਦਾਂ ਸੀਲ ਕੀਤੀਆਂ ਹੋਈਆਂ ਹਨ ਅਤੇ ਉਹ ਕਿਸੇ ਨੂੰ ਵੀ ਰਾਜ ਵਿਚ ਆਉਣ ਦੀ ਆਗਿਆ ਨਹੀਂ ਦੇ ਰਹੀ। ਉਨਾਂ ਕਿਹਾ ਕ ਅਜਿਹੇ ਹਲਾਤ ਨੂੰ ਧਿਆਨ ਵਿਚ ਰੱਖਦੇ ਹੋਏ ਜੰਮੂ-ਕਸ਼ਮੀਰ ਸਰਕਾਰ ਦੇ ਸ਼ਹਿਰ ਵਿਚ ਸਥਿਤ ਗੈਸਟ ਹਾਊਸ ਨੂੰ ਉਕਤ ਰਾਜ ਦੇ ਵਾਸੀਆਂ ਲਈ ਪਨਾਹ ਘਰ ਐਲਾਨਿਆ ਜਾਂਦਾ ਹੈ ਅਤੇ ਗੈਸਟ ਹਾਊਸ ਦੇ ਇੰਚਾਰਜ ਅਧਿਕਾਰੀ ਨੂੰ ਨਿਰਦੇਸ਼ ਦਿੱਤੇ ਜਾਂਦੇ ਹਨ ਕਿ ਉਹ ਇੰਨਾਂ ਲਈ ਰਹਿਣ-ਸਹਿਣ ਤੇ ਖਾਣ-ਪੀਣ ਦਾ ਪ੍ਰਬੰਧ ਕਰਨਾ ਯਕੀਨੀ ਬਨਾਉਣ।

**ਦੁੱਧ ਅਤੇ ਡੇਅਰੀ ਉਤਪਾਦ ਵੇਚਣ ਵਾਲਿਆਂ ਦੇ ਕਰਫਿਊ ਪਾਸ ਹੁਣ 3 ਮਈ ਤੱਕ ਚੱਲਣਗੇ**

**ਅੰਮਿ੍ਰਤਸਰ, 16 ਅਪ੍ਰੈਲ (** **)**-ਕੋਰੋਨਾ ਵਾਇਰਸ ਨੂੰ ਲੈ ਕੇ ਪੰਜਾਬ ਸਰਕਾਰ ਦੇ ਹੁਕਮਾਂ ਉਤੇ ਜਿਲ੍ਹਾ ਮੈਜਿਸਟਰੇਟ ਸ. ਸ਼ਿਵਦੁਲਾਰ ਸਿੰਘ ਢਿੱਲੋਂ ਲਗਾਏ ਗਏ ਕਰਫਿਊ ਦੇ ਮੱਦੇਨਜ਼ਰ ਡੇਅਰੀ ਵਿਕਾਸ ਵਿਭਾਗ ਪੰਜਾਬ ਨੇ ਜਿਲ੍ਹੇ ਵਿਚ ਆਮ ਲੋਕਾਂ ਲਈ ਦੁੱਧ ਅਤੇ ਦੁੱਧ ਉਤਪਾਦ ਮੁਹੱਈਆ ਕਰਵਾਉਣ ਦੇ ਇਰਾਦੇ ਨਾਲ ਜਿਹੜੇ ਕਿਸਾਨਾਂ ਜਾਂ ਡੇਅਰੀ ਮਾਲਕਾਂ ਨੂੰ ਕਰਫਿਊ ਪਾਸ ਜਾਰੀ ਕੀਤੇ ਸਨ, ਉਨਾਂ ਦੀ ਮਿਆਦ ਪਹਿਲਾਂ ਕਰਫਿਊ ਖਤਮ ਹੋਣ ਕਾਰਨ 14 ਅਪ੍ਰੈਲ ਤੱਕ ਹੀ ਲਿਖੀ ਗਈ ਸੀ, ਪਰ ਹੁਣ ਕਰਫਿਊ ਵਿਚ ਵਾਧਾ ਹੋਣ ਕਾਰਨ ਇਹ ਕਰਫਿਊ ਪਾਸ 3 ਮਈ ਤੱਕ ਚੱਲਣਗੇ। ਇਹ ਜਾਣਕਾਰੀ ਦਿੰਦੇ ਡਿਪਟੀ ਡਾਇਰੈਕਟਰ ਸ. ਕਸ਼ਮੀਰ ਸਿੰਘ ਨੇ ਦੱਸਿਆ ਕਿ ਜੇਕਰ ਇਸ ਸਬੰਧੀ ਕੋਈ ਪੁੱਛ-ਪੜਤਾਲ ਹੋਵੇ ਤਾਂ ਫੋਨ ਨੰਬਰ 8146553318 ਉਤੇ ਸੰਪਰਕ ਕੀਤਾ ਜਾ ਸਕਦਾ ਹੈ। ਉਨਾਂ ਕਿਹਾ ਕਿ ਅੰਮਿ੍ਰਤਸਰ ਵਿਚ ਦੁੱਧ ਤੇ ਦੁੱਧ ਸਪਲਾਈ ਲਈ ਲੋੜ ਅਨੁਸਾਰ ਕਰਫਿਊ ਪਾਸ ਜਾਰੀ ਕੀਤੇ ਜਾ ਚੁੱਕੇ ਹਨ। ਇਸ ਤੋਂ ਇਲਾਵਾ ਵੇਰਕਾ ਅਤੇ ਅਮੁੱਲ ਵੀ ਦੁੱਧ ਦੀ ਸਪਲਾਈ ਕਰ ਰਹੇ ਹਨ। ਉਨਾਂ ਕਿਹਾ ਕਿ ਹੁਣ ਇਹ ਕਰਫਿਊ ਪਾਸ 3 ਮਈ ਤੱਕ ਚੱਲ ਸਕਣਗੇ ਅਤੇ ਇਸ ਬਾਬਤ ਸਬੰਧਤ ਪੁਲਿਸ ਅਧਿਕਾਰੀਆਂ ਨੂੰ ਵੀ ਜਾਣੂੰ ਕਰਵਾ ਦਿੱਤਾ ਗਿਆ ਹੈ, ਤਾਂ ਕਿ ਕਿਸੇ ਕਿਸਾਨ ਨੂੰ ਕੋਈ ਮੁਸ਼ਿਕਲ ਨਾ ਆਵੇ।

**ਕੈਬਨਿਟ ਮੰਤਰੀ ਓ ਪੀ ਸੋਨੀ ਨੇ 1150 ਪਰਿਵਾਰਾਂ ਲਈ ਸੁੱਕੇ ਰਾਸ਼ਨ ਦੇ ਟਰੱਕ ਤੋਰੇ**

**ਸ਼ਹਿਰ ਦੀਆਂ ਅੰਦਰਲੀਆਂ ਵਾਰਡਾਂ ਵਿਚ ਵੰਡਿਆ ਗਿਆ ਇਹ ਰਾਸ਼ਨ**

**ਜ਼ਰੂਰੀ ਵਸਤਾਂ ਲੈਣ ਲਈ ਪਰਿਵਾਰ ਦਾ ਇਕ ਮੈਂਬਰ ਹੀ ਘਰੋਂ ਨਿਕਲੇ**

**ਅੰਮਿ੍ਰਤਸਰ, 16 ਅਪ੍ਰੈਲ (          )**-ਕੋਵਿਡ 19 ਦੇ ਸੰਕਟ ਨਾਲ ਨਿਜੱਠਣ ਲਈ ਪੰਜਾਬ ਸਰਕਾਰ ਵੱਲੋਂ ਲਗਾਏ ਗਏ ਕਰਫਿਊ ਦੌਰਾਨ ਲੋੜਵੰਦ ਲੋਕਾਂ ਦੇ ਰੋਟੀ-ਟੁੱਕ ਦਾ ਬਰਾਬਰ ਖਿਆਲ ਰੱਖਿਆ ਜਾ ਰਿਹਾ ਹੈ। ਪੰਜਾਬ ਸਰਕਾਰ ਦੀ ਤਰਫੋਂ ਰੋਜ਼ਾਨਾ ਲੱਖਾਂ ਪਰਿਵਾਰਾਂ ਨੂੰ ਸੁੱਕਾ ਰਾਸ਼ਨ ਘਰ-ਘਰ ਭੇਜਿਆ ਜਾ ਰਿਹਾ ਹੈ, ਇਸ ਤੋਂ ਇਲਾਵਾ ਅੰਮਿ੍ਰਤਸਰ ਸ਼ਹਿਰ ਵਿਚ ਕਈ ਦਾਨੀ-ਪੁਰਸ਼ ਤੇ ਸਮਾਜ ਸੇਵੀ ਜਥੇਬੰਦੀਆਂ ਲੋੜਵੰਦਾਂ ਦੀ ਮਦਦ ਕਰ ਰਹੀਆਂ ਹਨ। ਉਕਤ ਸਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ੍ਰੀ ਓ ਪੀ ਸੋਨੀ ਨੇ ਅੰਦਰੂਨੀ ਸ਼ਹਿਰ ਦੀਆਂ ਵਾਰਡਾਂ ਲਈ ਪੰਜਾਬ ਸਰਕਾਰ ਦੀ ਤਰਫੋਂ 750 ਪਰਿਵਾਰਾਂ ਤੇ ਆਪਣੇ ਨਿਕਟ ਸਾਥੀਆਂ ਦੀ ਸਹਾਇਤਾ ਨਾਲ 400 ਪਰਿਵਾਰਾਂ ਨੂੰ ਸੁੱਕੇ ਰਾਸ਼ਨ ਦੇ ਟਰੱਕ ਤੋਰਨ ਮੌਕੇ ਕੀਤਾ। ਉਨਾਂ ਕਿਹਾ ਕਿ ਪੰਜਾਬੀਆਂ ਨੇ ਲੋੜਵੰਦਾਂ ਦੀ ਬਾਂਹ ਫੜ ਕੇ ਇਨਸਾਨੀਅਤ ਦਾ ਜੋ ਸਬੂਤ ਦਿੱਤਾ ਹੈ, ਉਹ ਵਿਸ਼ਵ ਭਰ ਵਿਚ ਹੋਰ ਕਿਧਰੇ ਸ਼ਾਇਦ ਵੇਖਣ ਨੂੰ ਨਾ ਮਿਲੇ।

ਸ੍ਰੀ ਸੋਨੀ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਕਰਫਿਊ ਦੇ ਸਮੇਂ ਭਾਵੇਂ ਪ੍ਰਸ਼ਾਸਨ ਵੱਲੋਂ ਜ਼ਰੂਰੀ ਵਸਤਾਂ ਲਈ ਥੋੜ੍ਹੀ ਛੋਟ ਦਿੱਤੀ ਗਈ ਹੈ, ਪਰ ਇਸ ਮੌਕੇ ਵੀ ਸਾਵਧਾਨੀ ਵਜੋਂ ਪਰਿਵਾਰ ਦੇ ਇਕ ਮੈਂਬਰ ਨੂੰ ਹੀ ਘਰੋਂ ਬਾਹਰ ਨਿਕਲਣਾ ਚਾਹੀਦਾ ਹੈ। ਉਨਾਂ ਕਿਹਾ ਕਿ ਪਰਿਵਾਰਕ ਮੈਂਬਰ ਵੀ ਖੰਘਦੇ ਸਮੇਂ ਮੂੰਹ ਰੁਮਾਲ ਜਾਂ ਟਿਸ਼ੂ ਨਾਲ ਢੱਕਣਾ ਯਕੀਨੀ ਬਨਾਉਣ। ਇਸ ਤੋਂ ਇਲਾਵਾ ਘਰਾਂ ਵਿਚ ਆਉਂਦੇ ਦੁੱਧ ਦੇ ਪੈਕਟ, ਭਾਂਡੇ, ਦਰਵਾਜੇ ਦੀ ਘੰਟੀ, ਕੂੜੇਦਾਨ, ਝੂਲੇ, ਕੱਚੀਆਂ ਸਬਜੀਆਂ ਤੇ ਫਲ, ਦਰਵਾਜਿਆਂ ਦੀਆਂ ਚਿਟਕਣੀਆਂ, ਬੂਟ ਤੇ ਚੱਪਲਾਂ ਆਦਿ ਨੂੰ ਵੀ ਸਮੇਂ-ਸਮੇਂ ਸਿਰ ਸੈਨੇਟਾਇਜ਼ ਕਰਦੇ ਰਹੋ। ਇਸ ਤੋਂ ਇਲਾਵਾ ਹੱਥ ਸਾਫ ਕੀਤੇ ਬਿਨਾਂ ਅੱਖਾਂ, ਨੱਕ ਅਤੇ ਮੂੰਹ ਨੂੰ ਨਾ ਛੂਹੋ। ਇਸ ਮੌਕੇ ਹੋਰਨਾਂ ਤੋਂ ਇਲਾਵਾ ਤਹਿਸੀਲਦਾਰ ਸ੍ਰੀਮਤੀ ਅਰਚਨਾ ਸ਼ਰਮਾ, ਕੌਸ਼ਲਰ ਸ੍ਰੀ ਵਿਕਾਸ ਸੋਨੀ, ਸ੍ਰੀ ਰਾਘਵ ਸੋਨੀ, ਸ੍ਰੀ ਗੁਰਦੇਵ ਸਿੰਘ ਦਾਰਾ, ਸ੍ਰੀ ਅਰੁਣ ਕੁਮਾਰ ਪੱਪਲ, ਸ੍ਰੀ ਮਹੇਸ਼ ਖੰਨਾ, ਸ੍ਰੀ ਇਕਬਾਲ ਸਿੰਘ ਸ਼ੈਰੀ, ਸ੍ਰੀਮਤੀ ਰਾਜਬੀਰ ਕੌਰ ਅਤੇ ਹੋਰ ਪਤਵੰਤੇ ਹਾਜ਼ਰ ਸਨ।

**ਕੈਪਸ਼ਨ:**--ਸ਼ਹਿਰ ਦੀਆਂ ਅੰਦਰੂਨੀ ਵਾਰਡਾਂ ਲਈ ਸੁੱਕਾ ਰਾਸ਼ਨ ਲੈ ਕੇ ਜਾਣ ਵਾਲੇ ਟਰੱਕਾਂ ਨੂੰ ਰਵਾਨਾ ਕਰਦੇ ਕੈਬਨਿਟ ਮੰਤਰੀ ਸ੍ਰੀ ਓ ਪੀ ਸੋਨੀ।

**ਕਣਕ ਦੀ ਕਟਾਈ ਲਈ ਕਿਾਸਨਾਂ ਤੇ ਖੇਤ ਮਜ਼ਦੂਰਾਂ ਨੂੰ ਦਿੱਤੀ ਕਰਫਿਊ ਵਿਚ ਛੋਟ**

**ਅੰਮਿ੍ਰਤਸਰ, 16 ਅਪ੍ਰੈਲ (** **)**-ਹਾੜੀ ਦੀ ਫਸਲ ਦੀ ਕਟਾਈ ਅਤੇ ਸਾਂਭ-ਸੰਭਾਲ ਲਈ ਜ਼ਿਲ੍ਹਾ ਮੈਜਿਸਟਰੇਟ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਕਿਸਾਨਾਂ ਤੇ ਖੇਤ ਮਜ਼ਦੂਰਾਂ ਨੂੰ ਕੋਵਿਡ 19 ਦੀ ਰੋਕਥਾਮ ਲਈ ਜਿਲ੍ਹੇ ਭਰ ਵਿਚ ਲਗਾਏ ਗਏ ਕਰਫਿਊ ਤੋਂ ਕੁੱਝ ਘੰਟਿਆਂ ਦੀ ਛੋਟ ਦੇਣ ਦਾ ਐਲਾਨ ਕੀਤਾ ਹੈ। ਜਾਰੀ ਕੀਤੇ ਗਏ ਹੁਕਮਾਂ ਵਿਚ ਉਨਾਂ ਲਿਖਿਆ ਹੈ ਕਿ ਕਣਕ ਦੀ ਫਸਲ ਦੀ ਕਟਾਈ ਤੇ ਹੋਰ ਖੇਤੀ ਕੰਮਾਂ ਲਈ ਕਿਸਾਨ ਤੇ ਖੇਤ ਮਜ਼ਦੂਰ ਸਵੇਰੇ 6 ਵਜੇ ਤੋਂ ਸਵੇਰੇ 9 ਵਜੇ ਤੱਕ ਆਪਣੇ ਖੇਤਾਂ ਵਿਚ ਜਾ ਸਕਣਗੇ। ਇਸੇ ਤਰਾਂ ਸ਼ਾਮ ਨੂੰ ਖੇਤਾਂ ਤੋਂ ਵਾਪਸੀ ਦਾ ਸਮਾਂ ਸ਼ਾਮ 7 ਵਜੇ ਤੋਂ ਰਾਤ 9 ਵਜੇ ਤੱਕ ਦਾ ਹੋਵੇਗਾ। ਇਸ ਸਮੇਂ ਦੌਰਾਨ ਕਿਸਾਨਾਂ ਨੂੰ ਆਪਣੀ ਫਸਲ ਦੀ ਸਾਂਭ-ਸੰਭਾਲ ਤੋਂ ਇਲਾਵਾ ਹੋਰ ਕਿਧਰੇ ਵੀ ਜਾਣ ਦੀ ਆਗਿਆ ਨਹ੍ੀ ਹੋਵੇਗੀ।

ਉ੍ਨਾਂ ਜਾਰੀ ਹੁਕਮਾਂ ਦੀ ਕਾਪੀ ਕਮਿਸ਼ਨਰ ਪੁਲਿਸ ਅੰਮਿ੍ਰਤਸਰ ਤੇ ਜਿਲ੍ਹਾ ਪੁਲਿਸ ਮੁਖੀ ਅੰਮਿ੍ਰਤਸਰ ਨੂੰ ਭੇਜ ਕੇ ਇਸ ਦੀ ਯੋਗ ਪਾਲਣਾ ਦੀ ਹਦਾਇਤ ਵੀ ਕੀਤੀ ਹੈ। ਉਨਾਂ ਕਿਹਾ ਕਿ ਮੰਡੀ ਵਿਚ ਕਣਕ ਲਿਜਾਣ ਵਾਲੇ ਕਿਸਾਨ ਕੋਲ ਮੰਡੀ ਬੋਰਡ ਵੱਲੋਂ ਜਾਰੀ ਕੀਤਾ ਗਿਆ ਕੂਪਨ ਹੋਣਾ ਜ਼ਰੂਰੀ ਹੈ, ਤਾਂ ਹੀ ਉਸਦੀ ਟਰਾਲੀ ਮੰਡੀ ਵਿਚ ਦਾਖਲ ਹੋ ਸਕੇਗੀ। ਉਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਆਪਣੇ ਤੇ ਆਪਣੇ ਪਰਿਵਾਰ ਦੀ ਸੁਰੱਖਿਆ ਲਈ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ, ਕਿਉਂਕਿ ਇਹ ਸਾਵਧਾਨੀਆਂ ਦਾ ਸਿੱਧਾ ਅਸਰ ਤੁਹਾਡੇ ਤੇ ਤੁਹਾਡੇ ਪਿਆਰਿਆਂ ਦੀ ਸਿਹਤ ਨਾਲ ਜੁੜਿਆ ਹੋਇਆ ਹੈ।

**ਕਣਕ ਦੀ ਖਰੀਦ 'ਚ ਅੜਿੱਕਾ ਡਾਹੁਣ ਵਾਲਿਆਂ ਖਿਲਾਫ਼ ਸਖਤ ਕਾਰਵਾਈ ਕਰੇਗਾ ਮੰਡੀ ਬੋਰਡ**

**ਅੰਮਿ੍ਰਤਸਰ, 16 ਅਪ੍ਰੈਲ (        )**-ਕਣਕ ਦੀ ਸਰਕਾਰੀ ਖਰੀਦ ਕੱਲ੍ਹ ਤੋਂ ਸ਼ੁਰੂ ਹੋਈ ਹੈ, ਪਰ ਜਿਲ੍ਹੇ ਵਿਚ ਕਣਕ ਦੀ ਕਟਾਈ ਸ਼ੁਰੂ ਨਾ ਹੋਣ ਕਾਰਨ ਅਜੇ ਮੰਡੀ ਵਿਚ ਫਸਲ ਨਹੀ ਆਈ, ਪਰ ਮੰਡੀ ਬੋਰਡ ਵੱਲੋਂ ਸਾਰੇ ਪ੍ਰਬੰਧ ਕਰ ਲਏ ਗਏ ਹਨ। ਇਹ ਪ੍ਰਗਟਾਵਾ ਕਰਦੇ ਮੰਡੀ ਅਧਿਕਾਰੀ ਸ੍ਰੀ ਜਸਵਿੰਦਰ ਸਿੰਘ ਧਾਲੀਵਾਲ ਨੇ ਦੱਸਿਆ ਕਿ ਨਿਰਵਿਘਨ ਖਰੀਦ ਦੇ ਪ੍ਰਬੰਧਾਂ ਵਿੱਚ ਰੁਕਾਵਟ ਪਾਉਣ ਦੀ ਧਮਕੀ ਦੇਣ ਵਾਲੇ ਲੋਕਾਂ ਪ੍ਰਤੀ ਸਖਤ ਰੁਖ ਅਪਣਾਉਂਦਿਆਂ ਪੰਜਾਬ ਮੰਡੀ ਬੋਰਡ ਨੇ ਬੁੱਧਵਾਰ ਨੂੰ ਸੂਬਾ ਭਰ ਦੀਆਂ ਮਾਰਕੀਟ ਕਮੇਟੀਆਂ ਦੇ ਸਮੂਹ ਸੱਕਤਰਾਂ ਨੂੰ ਹਦਾਇਤ ਕੀਤੀ ਕਿ ਜੇਕਰ ਕੋਈ ਵਿਅਕਤੀ ਖਰੀਦ ਕਾਰਜਾਂ ਵਿੱਚ ਅੜਿੱਕਾ ਪਾਉਂਦਾ ਹੈ ਤਾਂ ਉਸ ਖਿਲਾਫ ਤੁਰੰਤ ਸਖਤ ਕਾਰਵਾਈ ਕੀਤੀ ਜਾਵੇ।

ਮੰਡੀ ਬੋਰਡ ਦੇ ਸੱਕਤਰ ਸ੍ਰੀ ਰਵੀ ਭਗਤ ਵੱਲੋਂ ਦਿੱਤੇ ਨਿਰਦੇਸ਼ਾਂ ਅਨੁਸਾਰ ਜੋ ਵੀ ਧਿਰ ਕੰਮ ਵਿਚ ਰੁਕਾਵਟ ਬਣੇਗੀ, ਉਸਦੇ ਲਾਇਸੈਂਸ ਰੱਦ ਕਰ ਦਿੱਤੇ ਜਾਣਗੇ ਅਤੇ ਉਨ੍ਹਾਂ ਨੂੰ ਆਫਤਨ ਪ੍ਰਬੰਧਨ ਐਕਟ, 2005 ਦੀਆਂ ਸਖਤ ਧਾਰਾਵਾਂ ਤਹਿਤ ਕਾਰਵਾਈ ਵੀ ਕੀਤੀ ਜਾਵੇਗੀ। ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਮੁਸ਼ਕਲ ਨਾ ਆਉਣ ਨੂੰ ਯਕੀਨੀ ਬਣਾਉਣ ਲਈ ਸ੍ਰੀ ਭਗਤ ਨੇ ਹੜਤਾਲ 'ਤੇ ਜਾਣ ਦੀ ਧਮਕੀ ਦੇਣ ਵਾਲੇ ਆੜ੍ਹਤੀਆ ਕੋਲ ਫਸਲ ਲੈ ਕੇ ਜਾਣ ਵਾਲੇ ਸਾਰੇ ਕਿਸਾਨਾਂ ਦੇ ਪਾਸ ਤੁਰੰਤ ਰੱਦ ਕਰਨ ਅਤੇ ਉਸੇ ਮੰਡੀ ਵਿੱਚ ਕੰਮ ਕਰ ਰਹੇ ਹੋਰ ਆੜ੍ਹਤੀਆਂ ਕੋਲ ਫਸਲ ਲਿਜਾਣ ਲਈ ਇਹਨਾਂ ਕਿਸਾਨਾਂ ਨੂੰ ਪਾਸ ਮੁੜ ਜਾਰੀ ਕਰਨ ਦੇ ਨਿਰਦੇਸ਼ ਦਿੱਤੇ ਹਨ।

**ਕਣਕ ਦੀ ਕਟਾਈ ਵਿਚ ਵਰਤੀ ਜਾਣ ਵਾਲੀ ਮਸ਼ੀਨਰੀ ਨੂੰ ਵੀ ਦਿੱਤੀ ਕਰਫਿਊ ਤੋਂ ਛੋਟ**

**ਕੰਬਾਇਨਾਂ ਸੇਵਰੇ 6 ਵਜੇ ਤੋਂ ਸ਼ਾਮ 7 ਵਜੇ ਤੱਕ ਚੱਲ ਸਕਣਗੀਆਂ**

**ਅੰਮਿ੍ਰਤਸਰ, 16 ਅਪ੍ਰੈਲ (** )-ਹਾੜੀ ਦੇ ਸੀਜ਼ਨ ਦੌਰਾਨ ਕਿਸਾਨਾਂ ਦੀ ਲੋੜ ਵਿਚ ਆਉਣ ਵਾਲੇ ਖੇਤੀ ਸੰਦ, ਜਿਸ ਵਿਚ ਟਰੈਕਟਰ-ਟਰਾਲੀ, ਕੰਬਾਇਨ, ਰੀਪਰ, ਆਦਿ ਸ਼ਾਮਿਲ ਹਨ, ਨੂੰ ਜਿਲ੍ਹਾ ਮੈਜਿਸਟਰੇਟ ਨੇ ਕੋਵਿਡ 19 ਤੋਂ ਬਚਾਅ ਲਈ ਲਗਾਏ ਗਏ ਕਰਫਿਊ ਤੋਂ ਢਿੱਲ ਦੇ ਦਿੱਤੀ ਹੈ। ਜਾਰੀ ਕੀਤੇ ਹੁਕਮਾਂ ਵਿਚ ਜਿਲ੍ਹਾ ਮੈਜਿਸਟਰੇਟ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਕਿਹਾ ਹੈ ਕਿ ਕੰਬਾਇਨ ਚਲਾਉਣ ਲਈ ਸਮਾਂ ਸਵੇਰੇ 6 ਵਜੇ ਤੋਂ 7 ਵਜੇ ਤੱਕ ਰਹੇਗਾ ਅਤੇ ਕੰਬਾਇਨ ਚਲਾਉਣ ਵਾਲੇ ਵਿਅਕਤੀ ਵੀ ਆਪਸੀ ਫਾਸਲੇ ਦਾ ਖਿਆਲ ਰੱਖਣਗੇ। ਇਸ ਤੋਂ ਇਲਾਵਾ ਕੰਬਾਇਨਾਂ ਨੂੰ ਇਕ ਰਾਜ ਤੋਂ ਦੂਸਰੇ ਰਾਜ ਵਿਚ ਆਉਣ-ਜਾਣ ਦੀ ਖੁੱਲ੍ਹ ਦਿੱਤੀ ਜਾਂਦੀ ਹੈ, ਪਰ ਇਕੋ ਸਮੇਂ ਕੰਬਾਇਨ ਉਤੇ 4 ਤੋਂ ਵੱਧ ਵਿਅਕਤੀ ਨਹ੍ੀ ਹੋਣਗੇ। ਉਨਾਂ ਕਿਹਾ ਕਿ ਸਹਿਕਾਰੀ ਤੇ ਨਿੱਜੀ ਖੇਤਰ ਵਿਚ ਫਾਮਰ ਮਸ਼ੀਨਰੀ ਨਾਲ ਸਬੰਧਤ ਕਸਟਮ ਹਾਇਰਿੰਗ ਸੈਂਟਰਾਂ ਅਤੇ ਮਸ਼ੀਨਰੀ ਬੈਂਕ ਦੇ ਸੰਚਾਲਨ ਲਈ ਕਰਫਿਊ ਵਿਚ ਢਿੱਲ ਸਵੇਰੇ 6 ਵਜੇ ਤੋਂ ਸਵੇਰੇ 10 ਵਜੇ ਤੱਕ ਛੱਟ ਦਿਤੀ ਜਾਂਦੀ ਹੈ। ਉਨਾਂ ਕਿਹਾ ਕਿ ਕਿਸਾਨ ਆਪਣੀ ਫਸਲ ਸੁਕਾ ਕੇ ਮੰਡੀ ਵਿਚ ਲਿਆਉਣ ਅਤੇ ਕਣਕ ਕੱਟਣ ਮਗਰੋਂ ਖੇਤ ਵਿਚੋਂ ਨਾੜ ਦੀ ਤੂੜੀ ਬਣਾ ਕੇ ਬਚੇ ਹੋਏ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਈ ਜਾਵੇ।

ਉਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਖੇਤ ਵਿਚ ਕੰਮ ਕਰਦੇ ਜਾਂ ਮੰਡੀ ਵਿਚ ਆਪਸੀ ਦੂਰੀ, ਮਾਸਕ, ਹੱਥਾਂ ਦੀ ਸਾਫ-ਸਫਾਈ ਦਾ ਬਰਾਬਰ ਧਿਆਨ ਰੱਖਿਆ ਜਾਵੇ। ਉਨਾਂ ਕਿਹਾ ਕਿ ਬਿਨਾਂ ਜ਼ਰੂਰੀ ਲੋੜ ਤੋਂ ਕਿਧਰੇ ਵੀ ਆਉਣ-ਜਾਣ ਤੋਂ ਪਰਹੇਜ਼ ਕੀਤਾ ਜਾਵੇ ਕਿਉਂਕਿ ਕੋਰੋਨਾ ਵਾਇਰਸ ਦੇ ਵੱਧਦੇ ਹੋਏ ਕੇਸਾਂ ਨੂੰ ਮੱਦੇਨਜ਼ਰ ਰੱਖਦੇ ਹੋਏ ਆਉਣ ਵਾਲਾ ਸਮਾਂ ਸੰਕਟ ਵਾਲਾ ਹੋ ਸਕਦਾ ਹੈ।

**ਪਿੰਡਾਂ ਦੀਆਂ ਫਿਰਨੀਆਂ ਤੇ ਸ਼ਹਿਰਾਂ ਦੀਆਂ ਗਲੀਆਂ ਵਿਚ ਲੱਗਣ ਲੱਗੇ ਠੀਕਰੀ ਪਹਿਰੇ**

**ਅੰਮਿ੍ਰਤਸਰ, 16 ਅਪ੍ਰੈਲ (  )**-ਕੋਵਿਡ 19 ਦੇ ਸੰਕਟ ਕਾਰਨ ਪੰਜਾਬ ਸਰਕਾਰ ਵੱਲੋਂ ਲਗਾਏ ਗਏ ਕਰਫਿਊ ਦੌਰਾਨ ਕਿਸਾਨਾਂ, ਖੇਤ ਮਜ਼ਦੂਰਾਂ, ਕੰਬਾਇਨਾਂ, ਰੀਪਰਾਂ, ਦੁੱਧ ਤੇ ਡੇਅਰੀ ਉਤਪਾਦਕਾਂ, ਸਬਜੀ ਤੇ ਫਲ ਵਿਕਰੇਤਾ ਆਦਿ ਨੂੰ ਆਉਣ-ਜਾਣ ਦੀ ਢਿੱਲ ਦਿੱਤੀ ਹੋਈ ਹੈ, ਤਾਂ ਕਿ ਲੋਕਾਂ ਨੂੰ ਖਾਣ-ਪੀਣ ਦੀਆਂ ਵਸਤਾਂ ਮਿਲਦੀਆਂ ਰਹਿਣ। ਇਨਾਂ ਤੋਂ ਇਲਾਵਾ ਵੀ ਕਈ ਲੋਕ ਕਰਫਿਊ ਦੀ ਉਲੰਘਣਾ ਕਰਦੇ ਹਨ, ਜਿੰਨਾ ਉਤੇ ਪੁਲਿਸ ਦੇ ਨਾਲ-ਨਾਲ ਆਮ ਲੋਕ ਵੀ ਤਿੱਖੀ ਨਿਗ੍ਹਾ ਰੱਖਣ ਲੱਗੇ ਹਨ। ਜਿਲ੍ਹਾ ਪੇਂਡੂ ਵਿਕਾਸ ਅਤੇ ਪੰਚਾਇਤ ਅਧਿਕਾਰੀ ਸ੍ਰੀ ਗੁਰਪ੍ਰੀਤ ਸਿੰਘ ਗਿੱਲ ਨੇ ਦੱਸਿਆ ਕਿ ਜਿਲ੍ਹੇ ਦੇ ਬਹੁਤੇ ਪਿੰਡਾਂ ਵਿਚ ਲੋਕਾਂ ਨੇ ਫਿਰਨੀਆਂ ਉਤੇ ਪਹਿਰੇ ਲਗਾਏ ਹੋਏ ਹਨ, ਜਿੱਥੋਂ ਉਹ ਕਿਸੇ ਵੀ ਪਿੰਡ ਆਉਣ ਵਾਲੇ ਤੋਂ ਪੁੱਛ-ਗਿੱਛ ਕਰਦੇ ਹਨ ਅਤੇ ਆਪਣੀ ਤਸੱਲੀ ਹੋਣ ਉਤੇ ਹੀ ਅੱਗੇ ਆਉਣ ਦੀ ਆਗਿਆ ਦਿੱਤੀ ਜਾਂਦੀ ਹੈ। ਇਥੋਂ ਤੱਕ ਕਿ ਪਿੰਡਾਂ ਵਿਚ ਸੰਬਜੀ ਤੇ ਫਲ ਵਿਕਰੇਤਾ ਵੀ ਉਹੀ ਆਉਣ ਦਿੱਤੇ ਜਾ ਰਹੇ ਹਨ ਜੋ ਕਿ ਪਹਿਲਾਂ ਤੋਂ ਹੀ ਪਿੰਡ ਵਿਚ ਆਉਂਦੇ ਹਨ, ਨਵੇਂ ਬੰਦੇ ਨੂੰ ਸਬਜੀ ਵੇਚਣ ਦੀ ਆਗਿਆ ਵੀ ਨਹ੍ੀ ਹੈ। ਇੰਨਾਂ ਲੋਕਾਂ ਨੂੰ ਵੀ ਪਿੰਡਾਂ ਵਿਚ ਮਾਸਕ ਪਹਿਨਣਾ ਜ਼ਰੂਰੀ ਕਰਵਾਇਆ ਜਾਂਦਾ ਹੈ ਅਤੇ ਕਈ ਨਾਕਿਆਂ ਉਤੇ ਰੱਖੇ ਸਾਬਣ-ਪਾਣੀ ਨਾਲ ਹੱਥ ਚੰਗੀ ਤਰਾਂ ਧੋ ਕੇ ਹੀ ਪਿੰਡ ਵਿਚ ਦਾਖਲਾ ਦਿੱਤਾ ਜਾਂਦਾ ਹੈ। ਇਸੇ ਤਰਾਂ ਪਿੰਡੋਂ ਸ਼ਹਿਰ ਜਾਂ ਹੋਰ ਕਿਧਰੇ ਜਾਣ ਵਾਲੇ ਵਿਅਕਤੀ ਨੂੰ ਵੀ ਸਫਰ ਕਰਨ ਤੋਂ ਮਨ੍ਹਾ ਕੀਤਾ ਜਾਂਦਾ ਹੈ ਅਤੇ ਜੇਕਰ ਜ਼ਰੂਰੀ ਹੋਵੇ ਤਾਂ ਸਾਵਧਾਨੀ ਨਾਲ ਸਫਰ ਕਰਨ ਦੀ ਸਲਾਹ ਦਿੰਦੇ ਵਾਪਸੀ ਉਤੇ ਉਸ ਨੂੰ ਵੀ ਚੰਗੀ ਤਰਾਂ ਸੈਨੇਟਾਇਜ਼ ਕੀਤਾ ਜਾਂਦਾ ਹੈ।

ਪਿੰਡਾਂ ਤੋਂ ਬਾਅਦ ਸ਼ਹਿਰ ਦੇ ਕੁੱਝ ਮੁਹੱਲਿਆਂ ਵਿਚ ਵੀ ਅਜਿਹਾ ਵਤੀਰਾ ਵੇਖਣ ਨੂੰ ਮਿਲ ਰਿਹਾ ਹੈ। ਸ਼ਹਿਰ ਦੀਆਂ ਕਈ ਅਬਾਦੀਆਂ ਵਿਚ ਵੀ ਅਜਿਹੇ ਠੀਕਰੀ ਪਹਿਰੇ ਲਗਾ ਕੇ ਲੋਕ ਆਪਣੇ-ਆਪਣੇ ਇਲਾਕੇ ਨੂੰ ਵਾਇਰਸ ਦੀ ਮਾਰ ਤੋਂ ਬਚਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਜੋ ਕਿ ਇਕ ਚੰਗੀ ਪਹਿਲ ਕਦਮੀ ਹੈ। ਆਸ ਹੈ ਕਿ ਜੇਕਰ ਲੋਕ ਇਸੇ ਤਰਾਂ ਜਾਗਰੂਕ ਰਹਿੰਦੇ ਹਨ ਤਾਂ ਵਾਇਰਸ ਦੇ ਫੈਲਾਅ ਨੂੰ ਵੱਡੀ ਹੱਦ ਤੱਕ ਰੋਕਿਆ ਜਾ ਸਕੇਗਾ।

**ਕੈਪਸ਼ਨ:---**ਪਿੰਡਾਂ ਦੀਆਂ ਫਿਰਨੀਆਂ ਅਤੇ ਸ਼ਹਿਰਾਂ ਦੀਆਂ ਗਲੀਆਂ ਉਤੇ ਲੱਗੇ ਠੀਕਰੀ ਪਹਿਰੇ ਦੀਆਂ ਕੁੱਝ ਤਸਵੀਰਾਂ।

**ਡਿਪਟੀ ਕਮਿਸ਼ਨਰ ਦਫਤਰ ਦੇ ਕਰਮਚਾਰੀਆਂ ਵੱਲੋਂ ਦੋ ਦਿਨ ਦੀ ਤਨਖਾਹ ਰਾਹਤ ਕੰਮਾਂ ਲਈ ਦੇਣ ਦਾ ਐਲਾਨ**

**ਅੰਮ੍ਰਿਤਸਰ, 16 ਅਪ੍ਰੈਲ** ( )-ਡਿਪਟੀ ਕਮਿਸ਼ਨਰ ਦਫਤਰ ਅੰਮ੍ਰਿਤਸਰ ਦੇ ਕਰਮਚਾਰੀ, ਜੋ ਕਿ ਕਰਫਿਊ ਵਾਲੇ ਦਿਨ ਤੋਂ ਲਗਾਤਾਰ ਤਨ ਅਤੇ ਮਨ ਨਾਲ ਲੋੜਵੰਦ ਲੋਕਾਂ ਦੀ ਸਹਾਇਤਾ ਵਿਚ ਲੱਗੇ ਹੋਏ ਹਨ, ਨੇ ਜਿਲ੍ਹਾ ਪ੍ਰਸ਼ਾਸ਼ਨ ਵੱਲੋਂ ਕੀਤੇ ਜਾ ਰਹੇ ਕੰਮਾਂ ਵਿਚ ਵਿੱਤੀ ਯੋਗਦਾਨ ਪਾਉਣ ਦੇ ਇਰਾਦੇ ਨਾਲ ਆਪਣੀ ਇਕ ਦਿਨ ਦੀ ਤਨਖਾਹ ਮੁੱਖ ਮੰਤਰੀ ਰਾਹਤ ਫੰਡ ਲਈ ਅਤੇ ਇਕ ਦਿਨ ਦੀ ਤਨਖਾਹ ਰੈਡ ਕਾਰਸ ਅੰਮ੍ਰਿਤਸਰ ਵੱਲੋਂ ਕਾਇਮ ਕੀਤੇ ਫੰਡ ਲਈ ਦੇਣ ਦਾ ਐਲਾਨ ਕੀਤਾ ਹੈ। ਰੈਡ ਕਰਾਸ ਭਵਨ ਵਿਚ ਕੋਵਿਡ 19 ਦੀਆਂ ਸਾਵਧਾਨੀਆਂ ਨੂੰ ਧਿਆਨ ਵਿਚ ਰੱਖਦੇ ਹੋਏ ਜ਼ਿਲ੍ਹਾ ਪ੍ਰਧਾਨ ਸ੍ਰੀ ਅਰਵਿੰਦਰ ਸਿੰਘ ਸੰਧੂ, ਜਨਰਲ ਸਕੱਤਰ ਸ੍ਰੀ ਦੀਪਕ ਅਰੋੜਾ, ਵਧੀਕ ਜਨਰਲ ਸਕੱਤਰ ਸ੍ਰੀ ਅਮਨਦੀਪ ਸਿੰਘ ਸੇਖੋਂ, ਸੀਨੀਅਰ ਮੀਤ ਪ੍ਰਧਾਨ ਪ੍ਰਿਤਪਾਲ ਸਿੰਘ, ਸੀਨੀਅਰ ਮੀਤ ਪ੍ਰਧਾਨ ਗੋਰਾ ਸਿੰਘ ਅਤੇ ਵਿੱਤ ਸਕੱਤਰ ਸ੍ਰੀ ਸਾਹਿਬ ਕੁਮਾਰ ਦੀ ਅਗਵਾਈ ਹੇਠ 'ਦਾ ਡਿਸਟਿਕ ਆਫਿਸ ਇੰਪਲਾਇਜ਼ ਐਸੋਸੀਏਸ਼ਨ' ਅੰਮ੍ਰਿਤਸਰ ਦੀ ਹੋਈ ਮੀਟਿੰਗ ਵਿਚ ਇਹ ਫੈਸਲਾ ਲਿਆ ਗਿਆ।

ਸ੍ਰੀ ਦੀਪਕ ਅਰੋੜਾ ਨੇ ਦੱਸਿਆ ਕਿ ਸਾਰੇ ਕਰਮਚਾਰੀਆਂ ਨੇ ਫੋਨ ਉਤੇ ਆਪਣੀ ਸਹਿਮਤੀ ਇਸ ਨੇਕ ਕਾਰਜ ਲਈ ਦਿੱਤੀ ਹੈ, ਜਿਸ ਦੀ ਸਾਨੂੰ ਅਥਾਹ ਖੁਸ਼ੀ ਹੈ। ਉਨਾਂ ਕਿਹਾ ਕਿ ਮਹਾਂਮਾਰੀ ਕਾਰਨ ਪੈਦਾ ਹੋਏ ਹਾਲਤ ਵਿਚ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮ ਬੇਹੱਦ ਸਲਾਹੁਣਯੋਗ ਹਨ, ਜੋ ਕਿ ਨਿੱਤ ਹੀ ਹਜ਼ਾਰਾਂ ਲੋਕਾਂ ਦੀਆਂ ਲੋੜਾਂ ਪੂਰੀਆਂ ਕਰ ਰਹੇ ਹਨ। ਉਨਾਂ ਕਿਹਾ ਕਿ ਸਾਰੇ ਕਰਮਚਾਰੀਆਂ ਨੇ ਇਹ ਵੀ ਫੈਸਲਾ ਕੀਤਾ ਕਿ ਇਸ ਕਠਿਨ ਮੌਕੇ ਜਿੱਥੇ ਵਿੱਤੀ ਯੋਗਦਾਨ ਦਿੱਤਾ ਜਾਵੇ, ਉਥੇ ਮਾਣਯੋਗ ਡਿਪਟੀ ਕਮਿਸ਼ਨਰ ਨਾਲ ਤਨੋਂ-ਮਨੋਂ ਦਿਨ-ਰਾਤ ਇਕ ਕਰਕੇ ਲੋੜਵੰਦਾਂ ਲਈ ਕੰਮ ਕੀਤਾ ਜਾਵੇ। ਇਸ ਮੌਕੇ ਕਰਮਚਾਰੀਆਂ ਨੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਹਿਮਾਸ਼ੂੰ ਅਗਰਵਾਲ ਨੂੰ ਆਪਣੇ ਇਸ ਫੈਸਲੇ ਤੋਂ ਜਾਣੂੰ ਕਰਵਾਉਂਦੇ ਹੋਏ ਸਹਿਮਤੀ ਪੱਤਰ ਵੀ ਦਿੱਤਾ, ਜਿੰਨਾ ਨੇ ਕਰਮਚਾਰੀਆਂ ਵੱਲੋਂ ਦਿੱਤੇ ਇਸ ਯੋਗਦਾਨ ਦੀ ਰੱਜਵੀ ਤਾਰੀਫ਼ ਕੀਤੀ। ਇਸ ਮੌਕੇ ਉਨਾਂ ਨਾਲ ਸ੍ਰੀ ਸੌਰਵ ਕੁਮਾਰ, ਸ੍ਰੀ ਵਿਕਰਮ ਰਾਮਪਾਲ, ਸ੍ਰੀ ਪਾਰਸ ਧਵਨ, ਸ੍ਰੀ ਅਰਵਿੰਦਰ ਭੱਟੀ, ਸ੍ਰੀ ਮਨਦੀਪ ਖਿਆਲਾ, ਸ੍ਰੀ ਹਰਪ੍ਰੀਤ ਸਿੰਘ, ਹਰਵਿੰਦਰ ਕੌਰ ਅਤੇ ਸ੍ਰੀਮਤੀ ਨੀਨਾ ਕੁਮਾਰੀ ਵੀ ਨਾਲ ਪਹੁੰਚੇ।

**ਕੈਪਸ਼ਨ:---**ਵਧੀਕ ਡਿਪਟੀ ਕਮਿਸ਼ਨਰ ਸ੍ਰੀ ਹਿਮਾਸ਼ੂੰ ਅਗਰਵਾਲ ਨੂੰ ਦੋ ਦਿਨ ਦੀ ਤਨਖਾਹ ਦੇਣ ਸਬੰਧੀ ਸਹਿਮਤੀ ਪੱਤਰ ਦਿੰਦੇ ਕਰਮਚਾਰੀ ਐਸੋਸੀਏਸ਼ਨ ਦੇ ਨੇਤਾ।